# ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ,

ਪੰਜਵੀ ਮੰਜਿਲ, ਈ ਬਲਾਕ, ਸਿੱਖਿਆ ਭਵਨ, ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ ਨਗਰ
ਫੋਨ ਨੰ:0172-5212364 Website: www.ssapunjab.org


ਵੱਲ,

ਸਮੂਹ ਮੰਡਲ ਸਿੱਖਿਆ ਅਫ਼ਸਰ (ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), (ਨੋਟਿਸ ਬੋਰਡ ਰਾਹੀਂ)
ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, (ਨੋਟਿਸ ਬੋਰਡ ਰਾਹੀਂ)
ਸਮੂਹ ਇੰਸਪੈਕਸ਼ਨ ਟੀਮਾਂ, ਬੀ.ਆਰ.ਪੀਜ਼, ਡੀ.ਆਰ.ਪੀ., ਪ੍ਰਵੇਸ਼ ਕੋਆਰਡੀਨੇਟਰ,
ਸਮੂਹ ਸਕੂਲ ਮੁੱਖੀ (ਵੈੱਬਸਾਈਟ ਰਾਹੀਂ)
ਪੰਜਾਬ

ਮੀਮੋ ਨੰ : ਸਸਅ/ਐਮਸੀ/2016/1605
ਮਿਤੀ : 01-02-2016

ਵਿਸ਼ਾ :- ਰਾਜ ਦੇ ਸਮੂਹ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਸਬੰਧੀ।

1.0 ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਪਹਿਲੀ ਤੋਂ ਬਾਰ੍ਹਵੀਂ ਜਮਾਤਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦਾ ਸਿਲੇਬਸ ਕਾਫੀ ਹੱਦ ਤੱਕ ਮੁਕੰਮਲ ਹੋ ਚੁੱਕਾ ਹੈ। ਇਹਨਾਂ ਵਿਦਿਆਰਥੀਆਂ ਦੀ ਕਾਰਗੁਜ਼ਾਰੀ, ਉਹਨਾਂ ਦੀ ਕਿਸੇ ਵਿਸ਼ੇ ਵਿੱਚ ਕਮਜ਼ੋਰੀ, ਉਹਨਾਂ ਦੀ ਹਾਜ਼ਰੀ, ਮਾਪਿਆਂ ਨੂੰ ਸਮੂਹ ਸਕੂਲਾਂ ਵਿੱਚ ਚੱਲ ਰਹੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਉਣ, ਨਵੇਂ ਸ਼ੈਸ਼ਨ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਯਕੀਨੀ ਬਣਾਉਣ ਆਦਿ ਬਾਰੇ ਉਹਨਾਂ ਦੇ ਮਾਪਿਆਂ ਨਾਲ ਵਿਚਾਰ-ਵਟਾਂਦਰਾ ਕਰਨ ਲਈ ਮਿਤੀ 08.02.2016 ਨੂੰ ਸਮੂਹ ਪ੍ਰਾਇਮਰੀ ਅਤੇ ਅੱਪਰ ਪ੍ਰਾਇਮਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਰੱਖੀ ਗਈ ਹੈ। ਇਸ ਮਿਲਣੀ ਦੌਰਾਨ ਸਕੂਲ ਪ੍ਰਬੰਧਕ ਕਮੇਟੀਆਂ ਦੇ ਸਮੂਹ ਮੈਂਬਰ ਵੀ ਸਕੂਲਾਂ ਵਿੱਚ ਹਾਜ਼ਰ ਹੋਣਗੇ। ਸਕੂਲਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਮੈਂਬਰ ਅਤੇ ਸਕੂਲ ਮੁੱਖੀ, ਆਪਣੇ-ਆਪਣੇ ਸਕੂਲਾਂ ਦੀ ਕਾਰਗੁਜ਼ਾਰੀ ਹੋਰ ਬਿਹਤਰ ਬਣਾਉਣ ਲਈ ਵਿਚਾਰ ਵਟਾਂਦਰਾ ਕਰਨਗੇ।

2.0 ਇਹ ਮਿਲਣੀ ਸਵੇਰੇ 9:00 ਵਜੇ ਤੋਂ 11:00 ਵਜੇ ਤੱਕ ਹੋਵੇਗੀ। ਇਸ ਮੀਟਿੰਗ ਨੂੰ ਸੁਚਾਰੂ ਢੰਗ ਨਾਲ ਸਿਰੇ ਚਾੜ੍ਹਨ ਲਈ ਮਾਪੇ-ਅਧਿਆਪਕ ਮਿਲਣੀ ਲਈ ਆ ਰਹੇ ਹਰ ਮਾਪੇ ਨੂੰ ਅਧਿਆਪਕ ਦੁਆਰਾ ਵਿਦਿਆਰਥੀ ਦੀ ਕਾਰਗੁਜ਼ਾਰੀ ਦੱਸਣ ਦਾ ਉਚਿਤ ਸਮਾਂ ਮਿਲ ਸਕੇ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਕੂਲ ਮੁੱਖੀ ਆਪਣੇ ਸਕੂਲ ਵਿੱਚ ਪੜ੍ਹਦੇ ਜਮਾਤ ਵਾਈਜ਼ ਵਿਦਿਆਰਥੀਆਂ ਦੀ ਗਿਣਤੀ ਨੂੰ ਮੱਦੇਨਜ਼ਰ ਰੱਖਦੇ ਹੋਏ ਬੱਚਿਆਂ ਨੂੰ ਆਪਣੇ ਮਾਪਿਆਂ ਸਮੇਤ ਸਕੂਲ ਵਿੱਚ ਆਉਣ ਲਈ ਉਸ ਦਿਨ ਵੱਖ-ਵੱਖ ਸਮਾਂ ਨਿਰਧਾਰਿਤ ਕਰਨ।

3.0 ਇਸ ਮਿਲਣੀ ਬਾਰੇ ਪੂਰਨ ਰੂਪ ਵਿੱਚ ਮਾਪਿਆਂ ਤੱਕ ਸੂਚਨਾਂ ਪਹੁੰਚਾਉਣ ਲਈ ਸਕੂਲ ਮੁੱਖੀ ਪਿੰਡ ਦੇ ਗੁਰੂਦੁਆਰੇ ਤੋਂ ਲਾਊਡ ਸਪੀਕਰ ਰਾਹੀਂ ਵੀ ਸੂਚਿਤ ਕਰ ਸਕਦਾ ਹੈ।

4.0 ਇਸ ਮਾਪੇ - ਅਧਿਆਪਕ ਮਿਲਣੀ ਨੂੰ ਪੂਰਨ ਰੂਪ ਵਿੱਚ ਸਿਰੇ ਚੜ੍ਹਾਉਣ ਅਤੇ ਇਸ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਦੇ ਮਾਪਿਆਂ ਨੂੰ ਸ਼ਾਮਿਲ ਕਰਵਾਉਣ ਲਈ ਸਮੂਹ ਇੰਸਪੈਕਸ਼ਨ ਟੀਮਾਂ, ਕੰਮ ਕਰ ਰਹੇ ਡੀ.ਆਰ.ਪੀਜ਼/ਬੀ.ਆਰ.ਪੀਜ਼, ਜ਼ਿਲ੍ਹਾ ਪ੍ਰਵੇਸ਼ ਕੋਆਰਡੀਨੇਟਰ ਆਪਣੀ ਨਾਰਮਲ ਡਿਊਟੀ ਤੋਂ ਇਲਾਵਾ ਵਿਜ਼ਿਟ ਕੀਤੇ ਜਾ ਰਹੇ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਮਿਤੀ 08.02.2016 ਨੂੰ ਆਪਣੇ ਮਾਪਿਆਂ ਨੂੰ ਸਕੂਲ ਵਿੱਚ ਲਿਆਉਣ ਲਈ ਪ੍ਰੇਰਣ ਦਾ ਕੰਮ ਵੀ ਕਰਨਗੇ। ਇਸ ਤੋਂ ਇਲਾਵਾ ਮਿਤੀ 08.02.2016 ਨੂੰ ਮਾਪੇ-ਅਧਿਆਪਕ ਮਿਲਣੀ ਵਾਲੇ ਦਿਨ ਵਿਜ਼ਿਟ ਕੀਤੇ ਜਾ ਰਹੇ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਨੂੰ ਸਿਰੇ ਚੜ੍ਹਾਉਣ ਲਈ ਸਕੂਲ ਮੁਖੀਆਂ ਦਾ ਸਹਿਯੋਗ ਦੇਣਗੇ ਅਤੇ ਵਿਜ਼ਿਟ ਦੌਰਾਨ ਸਕੂਲਾਂ ਵਿੱਚ ਸਿਰਫ ਤੇ ਸਿਰਫ ਬਤੌਰ ਆਬਜ਼ਰਵਰ ਵੱਜੋਂ ਕੰਮ ਕਰਣਗੇ।

5.0 ਇਸ ਤੋਂ ਇਲਾਵਾ ਮਿਤੀ 08.02.2016 ਨੂੰ ਰਾਜ ਦੇ ਸਮੂਹ ਮੰਡਲ ਸਿੱਖਿਆ ਅਫ਼ਸਰ, ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਐ.ਸਿ.) ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), (ਐ.ਸਿ.) ਪ੍ਰਿੰਸੀਪਲ, ਸਰਕਾਰੀ ਇੰਨਸਰਵਿਸ ਟ੍ਰੇਨਿੰਗ ਸੈਂਟਰ, ਪ੍ਰਿੰਸੀਪਲ, ਜ਼ਿਲ੍ਹਾ ਸਿਖਲਾਈ ਅਤੇ ਟ੍ਰੇਨਿੰਗ ਸੰਸਥਾਂ ਅਤੇ ਬਲਾਕ ਸਿੱਖਿਆ ਅਧਿਕਾਰੀ ਆਪਣੇ - ਆਪਣੇ ਅਧੀਨ ਪੈਂਦੇ ਸਕੂਲਾਂ ਵਿੱਚ ਜਾਣਗੇ ਅਤੇ ਯਕੀਨੀ ਬਣਾਉਣਗੇ ਕਿ ਮਾਪੇ-ਅਧਿਆਪਕ ਮਿਲਣੀ ਠੀਕ-ਠਾਕ ਚੱਲ ਰਹੀ ਹੈ ।

6.0 ਇਸ ਦਿਨ ਮੁੱਖ ਦਫ਼ਤਰ ਦੋਂ ਡੀ.ਪੀ.ਆਈ. (ਸੈ.ਸਿ.), ਡੀ.ਪੀ.ਆਈ. (ਐ.ਸਿ.) ਅਤੇ ਉਹਨਾਂ ਦੇ ਦਫ਼ਤਰ ਦੇ ਸਮੂਹ ਅਧਿਕਾਰੀ ਅਤੇ ਡੀ.ਜੀ.ਐਸ.ਈ. ਦਫ਼ਤਰ ਦੇ ਸਮੂਹ ਅਧਿਕਾਰੀ ਸਕੂਲਾਂ ਦੀ ਵਿਜ਼ਿਟ ਕਰਨਗੇ ਅਤੇ ਦੇਖਣਗੇ ਕਿ ਮਾਪੇ-ਅਧਿਆਪਕ ਮਿਲਣੀ ਦਾ ਕੰਮ ਠੀਕ-ਠਾਕ ਚੱਲ ਰਿਹਾ ਹੈ।

7.0 ਉਪਰੋਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
-ਕਮ- ਸਟੇਟ ਪ੍ਰਾਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ
ਪੰਜਾਬ

ਪਿੱਠ ਅੰਕਣ ਨੰ: ਸਸਅ/ਐਮਸੀ/2016/1606 ਮਿਤੀ: 01-02-2016

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ।

ਡੀ.ਪੀ.ਆਈ. (ਸੈ.ਸਿ.) ਅਤੇ ਡੀ.ਪੀ.ਆਈ. (ਐ.ਸਿ.) ਨੂੰ ਇਸ ਬੇਨਤੀ ਨਾਲ ਕਿ ਇਹਨਾਂ ਮੀਟਿੰਗਾਂ ਵਾਲੇ ਦਿਨ ਸਕੂਲਾਂ ਦਾ ਦੌਰਾ ਕੀਤਾ ਜਾਵੇ ਅਤੇ ਆਪਣੇ ਅਧੀਨ ਅਧਿਕਾਰੀਆਂ ਦੀਆਂ ਵੱਖ-ਵੱਖ ਖੇਤਰਾਂ ਵਿੱਚ ਦੌਰੇ ਕਰਨ ਦੀ ਡਿਊਟੀ ਲਗਾਈ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
-ਕਮ- ਸਟੇਟ ਪ੍ਰਾਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ
ਪੰਜਾਬ